# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

## 13:10

**ਮਿਤੀ :25-12-2025**

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਏ ਕਿ ਸਾਂਸਦ ਖੇਡ ਮਹੋਤਸਵ ਦੇਸ਼ ਨੂੰ ਹਜ਼ਾਰਾਂ ਹੁਨਰਮੰਦ ਖਿਡਾਰੀ ਪ੍ਰਦਾਨ ਕਰ ਰਿਹਾ ਏ। ਅੱਜ ਵੀਡੀਓ ਕਾਨਫਰੰਸਿੰਗ ਰਾਹੀਂ ਸਾਂਸਦ ਖੇਡ ਮਹੋਤਸਵ ਨੂੰ ਸੰਬੋਧਨ ਕਰਦਿਆਂ, ਸ਼੍ਰੀ ਮੋਦੀ ਨੇ ਕਿਹਾ ਕਿ, ਸਾਂਸਦ ਖੇਡ ਮਹੋਤਸਵ ਦਾ ਪੈਮਾਨਾ ਅਤੇ ਇਸ ਦਾ ਪ੍ਰਭਾਵ ਕਾਫ਼ੀ ਵਧਿਆ ਏ । ਉਨ੍ਹਾਂ ਕਿਹਾ ਕਿ, ਖੇਡ ਉਤਸਵ ਨੌਜੁਆਨਾਂ ਦੇ ਵਿਕਾਸ ਰਾਹੀਂ ਰਾਸ਼ਟਰ ਨਿਰਮਾਣ ਦੇ ਮੰਤਰ ਨਾਲ ਇੱਕ ਮਜ਼ਬੂਤ ਥੰਮ੍ਹ ਬਣ ਰਿਹਾ ਏ। ਪ੍ਰਧਾਨ ਮੰਤਰੀ ਨੇ ਕਿਹਾ ਕਿ, ਜਿੱਤਣ ਅਤੇ ਹਾਰਨ ਤੋਂ ਪਰੇ, ਇਨ੍ਹਾਂ ਖੇਡਾਂ ਰਾਹੀਂ ਐਥਲੀਟ ਜੋ ਖੇਡ ਭਾਵਨਾ ਸਿੱਖਦੇ ਨੇ, ਉਹ ਸਮਰੱਥ ਅਤੇ ਅਨੁਸ਼ਾਸਿਤ ਨੌਜਵਾਨਾਂ ਵਜੋਂ ਓਹਨਾਂ ਦੇ ਵਿਕਾਸ ਵਿੱਚ ਯੋਗਦਾਨ ਪਾਉਂਦੀ ਏ. ਉਨ੍ਹਾਂ ਕਿਹਾ, ਇਹ ਸਮਰੱਥ ਅਤੇ ਅਨੁਸ਼ਾਸਿਤ ਨੌਜਵਾਨ ਰਾਸ਼ਟਰ ਦਾ ਭਵਿੱਖ ਬਣਾਉਂਦੇ ਹਨ।

---------------------------------------------------------------------------

ਭਾਰਤ ਸਰਕਾਰ ਦਾ ਮਹਿਲਾ ਅਤੇ ਬਾਲ ਵਿਕਾਸ ਮੰਤਰਾਲਾ, ਦੇਸ਼ ਦੇ

ਨੌਜਵਾਨ ਨਾਇਕਾਂ ਦੇ ਸਾਹਸ, ਕੁਰਬਾਨੀ ਅਤੇ ਮਿਸਾਲੀ ਕਦਰਾਂ-ਕੀਮਤਾਂ ਦੀ ਯਾਦ ਵਿੱਚ ਕੱਲ੍ਹ 26 ਦਸੰਬਰ ਨੂੰ ਰਾਸ਼ਟਰੀ ਪੱਧਰ 'ਤੇ 'ਵੀਰ ਬਾਲ ਦਿਵਸ' ਮਨਾ ਰਿਹਾ ਏ। ਇਸੇ ਦਿਨ, ਪ੍ਰਧਾਨ ਮੰਤਰੀ ਵੱਖ-ਵੱਖ ਖੇਤਰਾਂ ਵਿੱਚ ਸ਼ਾਨਦਾਰ ਪ੍ਰਾਪਤੀਆਂ ਕਰਨ ਵਾਲੇ ਬੱਚਿਆਂ ਨੂੰ ਰਾਸ਼ਟਰੀ ਬਾਲ ਪੁਰਸਕਾਰ ਪ੍ਰਦਾਨ ਕਰਨਗੇ। ਵੀਰ ਬਾਲ ਦਿਵਸ-2025 ਦੇ ਰਾਸ਼ਟਰ ਪੱਧਰੀ ਪ੍ਰੋਗਰਾਮ ਦਾ ਆਯੋਜਨ ਨਵੀਂ ਦਿੱਲੀ ਸਥਿਤ ਭਾਰਤ ਮੰਡਪਮ ਵਿਖੇ ਕੀਤਾ ਜਾਵੇਗਾ। ਇਸ ਪ੍ਰੋਗਰਾਮ ਦੌਰਾਨ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦੇਸ਼ ਦੇ ਬੱਚਿਆਂ ਅਤੇ ਨੌਜਵਾਨਾਂ ਨੂੰ ਸੰਬੋਧਨ ਕਰਨਗੇ ਅਤੇ ਰਾਸ਼ਟਰ ਨਿਰਮਾਣ ਵਿੱਚ ਨੌਜਵਾਨ ਨਾਗਰਿਕਾਂ ਦੀ ਭੂਮਿਕਾ 'ਤੇ ਜ਼ੋਰ ਦੇਣਗੇ। NIC ਵੈੱਬਕਾਸਟ, DDNews, ਅਤੇ ਮਹਿਲਾ ਅਤੇ ਬਾਲ ਵਿਕਾਸ ਮੰਤਰਾਲੇ ਦੇ YouTube ਚੈਨਲ 'ਤੇ ਇਸ ਪ੍ਰੋਗਰਾਮ ਦਾ ਸਿੱਧਾ ਪ੍ਰਸਾਰਣ ਕੀਤਾ ਜਾਵੇਗਾ । ਕੇਂਦਰ ਸਰਕਾਰ ਵੱਲੋਂ ਹਰ ਵਰ੍ਹੇ ਬਹਾਦਰੀ, ਕਲਾ ਅਤੇ ਸੱਭਿਆਚਾਰ, ਵਾਤਾਵਰਣ, ਸਮਾਜ ਸੇਵਾ, ਵਿਗਿਆਨ ਅਤੇ ਤਕਨਾਲੋਜੀ ਅਤੇ ਖੇਡਾਂ ਵਿੱਚ ਅਸਾਧਾਰਨ ਪ੍ਰਦਰਸ਼ਨ ਲਈ ਬੱਚਿਆਂ ਨੂੰ ਪ੍ਰਧਾਨ ਮੰਤਰੀ ਰਾਸ਼ਟਰੀ ਬਾਲ ਪੁਰਸਕਾਰ ਦਿੱਤਾ ਜਾਂਦਾ ਏ। ਇਸ ਵਰ੍ਹੇ 18 ਰਾਜਾਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਦੇ 20 ਬੱਚਿਆਂ ਨੂੰ ਇਸ ਪੁਰਸਕਾਰ ਲਈ ਚੁਣਿਆ ਗਿਆ ਏ। ਇਹ ਪੁਰਸਕਾਰ ਰਾਸ਼ਟਰਪਤੀ, ਸ਼੍ਰੀਮਤੀ

ਦ੍ਰੋਪਦੀ ਮੁਰਮੂ, ਕੱਲ੍ਹ ਨਵੀਂ ਦਿੱਲੀ ਦੇ ਵਿਗਿਆਨ ਭਵਨ ਵਿੱਚ ਇੱਕ ਵਿਸ਼ੇਸ਼ ਸਮਾਰੋਹ ਦੌਰਾਨ ਪ੍ਰਦਾਨ ਕਰਨਗੇ।

---------------------------------------------------------------------------------

10ਵੇਂ ਪਾਤਿਸ਼ਾਹ, ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਛੋਟੇ ਸਾਹਿਬਜ਼ਾਦਿਆਂ ਬਾਬਾ ਜ਼ੋਰਾਵਰ ਸਿੰਘ ਜੀ, ਬਾਬਾ ਫ਼ਤਹਿ ਸਿੰਘ ਜੀ ਅਤੇ ਮਾਤਾ ਗੁਜਰੀ ਜੀ ਦੀ ਲਾਸਾਨੀ ਸ਼ਹਾਦਤ ਦੀ ਯਾਦ ਵਿੱਚ ਸਾਲਾਨਾ ਸ਼ਹੀਦੀ ਸਭਾ ਅੱਜ ਫਤਹਿਗੜ੍ਹ ਸਾਹਿਬ ਵਿਖੇ ਧਾਰਮਿਕ ਰਵਾਇਤਾਂ ਅਤੇ ਪੂਰੇ ਖ਼ਾਲਸਾਈ ਜਾਹੋ-ਜਲਾਲ ਨਾਲ ਆਰੰਭ ਹੋਈ। ਸ਼ਹੀਦੀ ਸਭਾ ਦੀ ਅਰੰਭਤਾ ਛੋਟੇ ਸਾਹਿਬਜ਼ਾਦਿਆਂ ਅਤੇ ਮਾਤਾ ਗੁਜਰੀ ਜੀ ਦੇ ਅੰਤਿਮ ਸਸਕਾਰ ਵਾਲੇ ਪਵਿੱਤਰ ਅਸਥਾਨ 'ਤੇ ਸੁਸ਼ੋਭਿਤ ਇਤਿਹਾਸਕ ਗੁਰਦੁਆਰਾ ਸ੍ਰੀ ਜੋਤੀ ਸਰੂਪ ਸਾਹਿਬ ਵਿਖੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਪਵਿੱਤਰ ਬਾਣੀ ਦੇ ਆਖੰਡ ਪਾਠ ਸਾਹਿਬ ਦੀ ਆਰੰਭਤਾ ਨਾਲ ਹੋਈ। ਪੰਜਾਬ ਸਮੇਤ ਪੂਰੇ ਦੇਸ਼ ਅਤੇ ਵਿਦੇਸ਼ਾਂ ਤੋਂ ਵੀ ਵੱਡੀ ਗਿਣਤੀ ਸ਼ਰਧਾਲੂ, ਸ਼ਹੀਦੀ ਸਭਾ ਦੇ ਪਹਿਲੇ ਦਿਨ ਅੱਜ ਗੁਰਦੁਆਰਾ ਸ੍ਰੀ ਫਤਹਿਗੜ੍ਹ ਸਾਹਿਬ ਤੇ ਗੁਰਦੁਆਰਾ ਸ੍ਰੀ ਜੋਤੀ ਸਰੂਪ ਸਾਹਿਬ ਵਿਖੇ ਮਥਾ ਟੇਕਣ ਲਈ ਪਹੁੰਚ ਰਹੇ ਨੇ।

ਡਿਪਟੀ ਕਮਿਸ਼ਨਰ ਡਾ. ਸੋਨਾ ਥਿੰਦ, ਗੁਰਦੁਆਰਾ ਸ੍ਰੀ ਜੋਤੀ ਸਰੂਪ ਸਾਹਿਬ ਵਿਖੇ ਨਤਮਸਤਕ ਹੋਏ। ਉਨ੍ਹਾਂ ਦੱਸਿਆ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਸੰਗਤ ਲਈ ਸਾਰੀਆਂ ਲੋੜੀਂਦੀਆਂ ਸਹੂਲਤਾਂ ਦਾ ਸੁਚੱਜਾ ਪ੍ਰਬੰਧ ਕੀਤਾ ਗਿਆ ਏ । ਪੁਲਿਸ ਵੱਲੋਂ ਸੁਰੱਖਿਆ ਦੇ ਸਖ਼ਤ ਪ੍ਰਬੰਧ ਕੀਤੇ ਗਏ ਨੇ। ਸ਼ਹੀਦੀ ਸਭਾ ਦੌਰਾਨ ਆਖੰਡ ਪਾਠ ਸਾਹਿਬ ਦੇ ਭੋਗ 27 ਦਸੰਬਰ ਨੂੰ ਇਸੇ ਅਸਥਾਨ 'ਤੇ ਪਾਏ ਜਾਣਗੇ ਅਤੇ ਉਸੇ ਦਿਨ ਸਵੇਰੇ ਗੁਰਦੁਆਰਾ ਸ੍ਰੀ ਫਤਹਿਗੜ੍ਹ ਸਾਹਿਬ ਤੋਂ ਨਗਰ ਕੀਰਤਨ ਆਰੰਭ ਹੋਕੇ ਦੁਪਹਿਰ ਸਮੇਂ ਗੁਰਦੁਆਰਾ ਸ੍ਰੀ ਜੋਤੀ ਸਰੂਪ ਵਿਖੇ ਪੁੱਜੇਗਾ।

---------------------------------------------------------------------------

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਬੀਤੇ ਕੱਲ੍ਹ ਖੇਡਾਂ ਅਤੇ ਯੁਵਕ ਸੇਵਾਵਾਂ ਵਿਭਾਗ ਨਾਲ ਉੱਚ ਪੱਧਰੀ ਸਮੀਖਿਆ ਮੀਟਿੰਗ ਦੌਰਾਨ ਸੂਬੇ ਦੇ ਖੇਡ ਬੁਨਿਆਦੀ ਢਾਂਚੇ ਦੇ ਨਵੀਨੀਕਰਨ ਲਈ ਸਪੱਸਟ, ਸਮਾਂਬੱਧ ਨਿਰਦੇਸ਼ ਜਾਰੀ ਕਰਦਿਆਂ ਅਧਿਕਾਰੀਆਂ ਨੂੰ ਸੂਬੇ ਭਰ ਵਿੱਚ 1 ਹਜ਼ਾਰ 350 ਕਰੋੜ ਦੀ ਲਾਗਤ ਨਾਲ ਬਣਾਏ ਜਾ ਰਹੇ 3 ਹਜ਼ਾਰ 100 ਸਟੇਡੀਅਮਾਂ ਦਾ ਕੰਮ ਜੂਨ 2026 ਤੱਕ ਮੁਕੰਮਲ ਕਰਨ ਦੇ ਨਿਰਦੇਸ਼ ਦਿੱਤੇ। ਇਸ ਦੌਰਾਨ ਮੁੱਖ ਮੰਤਰੀ ਵੱਲੋਂ ਇੱਕ ਵਿਆਪਕ ਪੈਕੇਜ ਦੀ ਵੀ ਸ਼ੁਰੂਆਤ ਕੀਤੀ ਗਈ ਜਿਸ ਵਿੱਚ ਲਗਭਗ 3 ਹਜ਼ਾਰ ਥਾਵਾਂ ‘ਤੇ ਅਤਿ-

ਆਧੁਨਿਕ ਜਿੰਮ ਸਥਾਪਤ ਕਰਨਾ, 50 ਕਰੋੜ ਰੁਪਏ ਦੀ ਲਾਗਤ ਨਾਲ 17,000 ਖੇਡ ਕਿੱਟਾਂ ਦੀ ਵੰਡ, ਇੱਕ ਵਿਆਪਕ ਖੇਡ ਪੋਰਟਲ ਦੀ ਸੁਰੂਆਤ ਅਤੇ 43 ਕਰੋੜ ਰੁਪਏ ਦੀ ਲਾਗਤ ਨਾਲ ਇੱਕ ਨਵਾਂ ਯੁਵਾ ਭਵਨ ਦੀ ਉਸਾਰੀ ਸ਼ਾਮਲ ਏ। ਉਨ੍ਹਾਂ ਕਿਹਾ ਕਿ ਸਰਕਾਰ ਦਾ ਮੁੱਖ ਉਦੇਸ ਪੰਜਾਬ ਦੇ ਨੌਜਵਾਨਾਂ ਦੀ ਅਥਾਹ ਊਰਜਾ ਨੂੰ ਸਕਾਰਾਤਮਕ ਦਿਸ਼ਾ ਵੱਲ ਲਗਾਉਣਾ ਅਤੇ ਉਨ੍ਹਾਂ ਨੂੰ ਨਸ਼ਿਆਂ ਦੇ ਖਤਰੇ ਤੋਂ ਦੂਰ ਰੱਖਣਾ ਏ। ਖੇਡਾਂ ਅਤੇ ਯੁਵਕ ਸੇਵਾਵਾਂ ਵਿਭਾਗ ਦੀ ਸਮੀਖਿਆ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਨਵੀਂ ਖੇਡ ਨੀਤੀ 2023 ਮੁਤਾਬਕ ਸੂਬੇ ਭਰ ਦੇ ਪਿੰਡਾਂ ਵਿੱਚ ਇਹ ਸਟੇਡੀਅਮ ਬਣਾਏ ਜਾ ਰਹੇ ਨੇ।

---------------------------------------------------------------------------------

ਦੇਸ਼ ਦਾ ਸਭ ਤੋਂ ਪੁਰਾਣਾ ਭਾਰਤੀ ਸ਼ਾਸਤਰੀ ਸੰਗੀਤ ਉਤਸਵ, 150ਵਾਂ 3 ਦਿਨਾ ਸ਼੍ਰੀ ਬਾਬਾ ਹਰੀਵੱਲਭ ਸੰਗੀਤ ਸੰਮੇਲਨ, ਕੱਲ੍ਹ ਸ਼ਾਮ ਤੋਂ ਜਲੰਧਰ ਦੇ ਸ਼੍ਰੀ ਦੇਵੀ ਤਾਲਾਬ ਮੰਦਿਰ ਵਿਖੇ ਸ਼ੁਰੂ ਹੋ ਰਿਹਾ ਏ। ਇਹ ਉਤਸਵ ਭਾਰਤ ਸਰਕਾਰ ਦੇ ਕੇਂਦਰੀ ਸੱਭਿਆਚਾਰ ਮੰਤਰਾਲੇ ਦੇ ਉੱਤਰੀ ਜ਼ੋਨ ਸੱਭਿਆਚਾਰਕ ਕੇਂਦਰ (NZCC), ਪਟਿਆਲਾ ਅਤੇ ਪੰਜਾਬ ਸਰਕਾਰ ਦੇ ਸਹਿਯੋਗ ਨਾਲ ਆਯੋਜਿਤ ਕੀਤਾ ਜਾ ਰਿਹਾ ਏ। ਇਹ ਉਤਸਵ ਸ਼੍ਰੀ ਗੁਰੂ ਤੇਗ ਬਹਾਦਰ ਜੀ ਦੀ 350ਵੀਂ ਸ਼ਹੀਦੀ ਵਰ੍ਹੇਗੰਢ ਅਤੇ ਬਨਾਰਸ ਦੇ

ਪ੍ਰਸਿੱਧ ਘਰਾਣੇ ਦੇ ਗਾਇਕ ਪੰਡਿਤ ਛੰਨੂ ਲਾਲ ਮਿਸ਼ਰਾ ਨੂੰ ਸਮਰਪਿਤ ਹੋਵੇਗਾ, ਜਿਨ੍ਹਾਂ ਦਾ ਇਸ ਸਾਲ ਅਕਤੂਬਰ ਵਿੱਚ ਦੇਹਾਂਤ ਹੋ ਗਿਆ ਸੀ। ਬੀਤੇ ਦਿਨੀਂ ਸਦੀਵੀਂ ਵਿਛੋੜਾ ਦੇ ਗਏ ਉਸਤਾਦ ਪੂਰਨ ਸ਼ਾਹ ਕੋਟੀ ਨੂੰ ਵੀ ਇਸ ਮੌਕੇ ਸ਼ਰਧਾਂਜਲੀ ਦਿੱਤੀ ਜਾਵੇਗੀ। 26 ਤੋਂ 28 ਦਸੰਬਰ ਤੱਕ ਹੋਣ ਵਾਲੇ ਇਸ ਉਤਸਵ ਦੌਰਾਨ ਪ੍ਰਸਿੱਧ ਸ਼ਾਸਤਰੀ ਸੰਗੀਤ ਕਲਾਕਾਰ, ਲੋਕ ਗਾਇਕੀ ਦੇ ਪਰਤੀਕ ਵਿਦੁਸ਼ੀ ਮਾਲਿਨੀ ਅਵਸਥੀ, ਪੰਡਿਤ ਸਾਜਨ ਮਿਸ਼ਰਾ, ਉਨ੍ਹਾਂ ਦੇ ਪੁੱਤਰ ਸਵਰਾਂਸ਼ ਮਿਸ਼ਰਾ, ਪੰਡਿਤ ਰੋਨੂ ਮਜੂਮਦਾਰ, ਸ਼ਸ਼ਾਂਕ ਸੁਬਰਾਮਨੀਅਮ, ਅਸ਼ਵਨੀ ਭਿਡੇ, ਪੰਡਿਤ ਸੰਜੀਵ ਅਭਯੰਕਰ, ਪੰਡਿਤ ਸ਼ੁਭੇਂਦਰ ਰਾਓ, ਉਸਤਾਦ ਫੈਯਾਜ਼ ਵਜੀਫ਼ੂਦੀਨ ਡਾਗਰ ਸਮੇਤ ਅਨੇਕਾਂ ਪ੍ਰਸਿੱਧ ਕਲਾਕਾਰ ਆਪਣੀ ਕਲਾ ਦਾ ਪ੍ਰਦਰਸ਼ਨ ਕਰਨਗੇ।

--------------------------------------------------------------------------------